# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 19:30

**ਮਿਤੀ :21-08-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ।***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੁਲਾੜ ਖੇਤਰ ਨਾਲ ਜੁੜੇ 20 STARTUPS ਦੇ CEO's ਤੇ ਸੰਸਥਾਪਕਾਂ ਨਾਲ ਗੱਲਬਾਤ ਕੀਤੀ। ਸ਼੍ਰੀ ਮੋਦੀ ਨੇ ਉਨ੍ਹਾਂ ਨੂੰ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਪੁਲਾੜ ਤਕਨਾਲੋਜੀ ਦੀ ਵਿਆਪਕ ਵਰਤੋਂ ਕਰਨ ਦੀ ਅਪੀਲ ਕੀਤੀ।

- ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਅੱਜ ਮੋਬਾਈਲ ਫੋਨ ਨਿਰਮਾਣ ਯੋਜਨਾ ਦੀ ਸ਼ੁਰੂਆਤ ਕੀਤੀ।

- ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਅਨੁਮਾਨ ਨਾਲੋਂ ਘਟ ਉਤਪਾਦਨ ਦੇ ਬਾਵਜੂਦ ਘਰੇਲੂ ਮੰਗ ਨੂੰ ਪੂਰਾ ਕਰਨ ਲਈ ਦੇਸ਼ ਵਿੱਚ ਖੰਡ ਦਾ ਢੁਕਵਾਂ ਭੰਡਾਰ ਉਪਲਬਧ ਏ |

- ਭਾਰਤ ਅਤੇ ਬ੍ਰਾਜ਼ੀਲ ਨੇ ਦੂਰਸੰਚਾਰ ਅਤੇ ਸੂਚਨਾ ਤੇ ਸੰਚਾਰ ਤਕਨਾਲੋਜੀ ਦੇ ਖੇਤਰ ਵਿੱਚ ਸਹਿਯੋਗ ਵਧਾਉਣ ਲਈ ਇੱਕ ਸਮਝੌਤੇ 'ਤੇ ਦਸਤਖ਼ਤ ਕੀਤੇ ਨੇ।

- ਭਾਰਤ ਦੀ ਤ੍ਰਿਸਾ ਜੌਲੀ ਅਤੇ ਗਾਇਤਰੀ ਗੋਪੀਚੰਦ ਦੀ ਜੋੜੀ ਨਵੀਂ ਦਿੱਲੀ ਵਿੱਚ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ ਦੇ ਮਹਿਲਾ ਡਬਲਜ਼ ਸੈਮੀਫਾਈਨਲ ਵਿੱਚ ਪਹੁੰਚ ਗਈ ਏ |

***<u>ਹੁਣ ਖਬਰਾਂ ਵਿਸਥਾਰ ਨਾਲ |</u>***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਪੁਲਾੜ ਖੇਤਰ ਨਾਲ ਜੁੜੇ 20 ਸਟਾਰਟਅੱਪਸ ਦੇ CEO 'S ਅਤੇ ਸੰਸਥਾਪਕਾਂ ਨਾਲ ਗੱਲਬਾਤ ਕੀਤੀ। ਸ਼੍ਰੀ ਮੋਦੀ ਨੇ ਉਨ੍ਹਾਂ ਨੂੰ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਪੁਲਾੜ ਟੈਕਨੋਲੋਜੀ ਦੀ ਵਿਆਪਕ ਵਰਤੋਂ ਕਰਨ ਦੀ ਬੇਨਤੀ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੇਸ਼ ਦਾ ਪੁਲਾੜ ਖੇਤਰ ਆਲ਼ਮੀ ਪ੍ਰਭਿਤਾ ਕੰਪਨੀਆਂ ਅਤੇ ਨਿਵੇਸ਼ਕਾਂ ਕੇਂਦਰ ਬਣ ਸਕਦਾ ਹੈ। ਉਨ੍ਹਾਂ ਨੇ ਇਕ ਅਜਿਹਾ ਵਾਤਾਵਰਣ ਬਣਾਉਣ ਦਾ ਸੁਝਾਅ ਦਿੱਤਾ ਜਿੱਥੇ ਪੁਲਾੜ ਦੀ ਚਰਚਾ ਹੋਣ ਤੇ ਲੋਕਾਂ ਦਾ ਧਿਆਨ ਭਾਰਤ ਵੱਲ ਜਾਏ। ਪੁਲਾੜ ਉਦਯੋਗ ਤੇ ਸਮਾਜਿਕ ਵਿਕਾਸ ਦੇ ਹੋਰ ਖੇਤਰਾਂ ਵਿੱਚ

ਕਾਰਗੁਜ਼ਾਰ ਵਧੇਰੇ ਸਹਿਯੋਗ 'ਤੇ ਜੋਰ ਦਿੰਦਿਆਂ ਪ੍ਰਧਾਨ ਮੰਤਰੀ ਨੇ ਨੌਜਵਾਨਾਂ ਵਿੱਚ ਪੁਲਾੜ ਬਾਰੇ ਉਤਸੁਕਤਾ ਤੇ ਦਿਲਚਸਪੀ ਨੂੰ ਵਧਾਉਣ ਲਈ ਅਟਲ ਟਿੰਕਰਿੰਗ ਲੈਬਸ ਨਾਲ ਵਧੇਰੇ ਸਹਿਯੋਗ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਸੈਕਟਰ ਵਿੱਚ ਜੋ ਵਿਸ਼ਵਾਸ ਦੇਖਿਆ, ਉਸਨੇ ਪੁਲਾੜ ਖੇਤਰ ਨੂੰ ਨਿਜੀ ਭਾਗੀਦਾਰੀ ਲਈ ਖੋਲ੍ਹਣ ਦੇ ਦ੍ਰਿਸ਼ਟੀਕੋਣ ਨੂੰ ਮਜ਼ਬੂਤ ਕੀਤਾ ਹੈ। ਮੀਟਿੰਗ ਦੌਰਾਨ ਸੀਈਓਸ ਨੇ ਸਰਕਾਰ ਦੇ ਫੈਸਲੇ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਇਸ ਨਾਲ ਬਹੁਤ ਸਾਰੇ ਮੌਕੇ ਪੈਦਾ ਹੋਣਗੇ। ਉਨ੍ਹਾਂ ਨੇ ਪ੍ਰਾਈਵੇਟ ਭਾਰਤ ਸਨਅਤ ਵਿੱਚ ਤੇਜ਼ੀ ਨਾਲ ਹੋਈ ਪ੍ਰਗਤੀ ਦਾ ਜ਼ਿਕਰ ਕੀਤਾ ਤੇ ਤੁਰੰਤ ਲਈ ਆਪਣਾ ਦ੍ਰਿਸ਼ਟੀਕੋਣ ਸਾਂਝਾ ਕੀਤਾ। ਉਨ੍ਹਾਂ ਨੇ ਉਦਯੋਗ ਨਾਲ ਸਰਕਾਰ ਦੇ ਮਜ਼ਬੂਤ ਸਮਰਥਨ ਤੇ ਸਹਿਯੋਗ 'ਤੇ ਜ਼ੋਰ ਦਿੱਤਾ। ਇਸ ਮੀਟਿੰਗ ਵਿੱਚ ਪੁਲਾੜ ਖੇਤਰ ਵਿੱਚ ਕੰਮ ਕਰਨ ਵਾਲੇ ਵੀਂ ਸਟਾਰਟਅੱਪਸ ਦੇ ਸੰਸਥਾਪਕਾਂ ਨੇ ਸ਼ਿਰਕਤ ਕੀਤੀ। ਬਾਅਦ 'ਚ ਇਕ ਸੋਸ਼ਲ ਮੀਡੀਆ ਪੋਸਟ 'ਚ ਸ੍ਰੀ ਮੋਦੀ ਨੇ ਕਿਹਾ ਕਿ ਉਹ ਨੌਜਵਾਨ ਉਦਮੀਆਂ ਤੇ ਨਵੀਨਤਾਕਾਰਾਂ ਨੂੰ ਮਿਲ ਕੇ ਖੁਸ਼ ਨੇ ਜਿਨ੍ਹਾਂ ਨੇ ਇਕ ਨਵੇਂ ਤੇ ਚੁਣੌਤੀਪੂਰਨ ਖੇਤਰ ਵਿੱਚ ਸ਼ਾਨਦਾਰ ਹਿੰਮਤ ਦਿਖਾਈ ਹੈ। ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਜੋਖਮ ਲਏ, ਸੁਧਾਰ ਪ੍ਰਕਿਰਿਆ 'ਤੇ ਭਰੋਸਾ ਕੀਤਾ ਅਤੇ ਨਿਰੰਤਰ ਯਤਨ ਕਰਦੇ ਰਹੇ | ਪ੍ਰਧਾਨ ਮੰਤਰੀ ਨੇ ਪੁਲਾੜ ਸਟਾਰਟਅੱਪਸ ਨੂੰ ਭਰੋਸਾ ਦਿੱਤਾ ਕਿ ਸਰਕਾਰ ਭਵਿੱਖ ਲਈ ਭਾਰਤ ਦੀਆਂ ਸਮਰੱਥਾਵਾਂ ਨੂੰ ਬਣਾਉਣ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਰਹੇਗੀ।

---

ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਅੱਜ ਮੋਬਾਈਲ ਫੋਨ ਨਿਰਮਾਣ ਯੋਜਨਾ (MPMS) ਦੀ ਸ਼ੁਰੂਆਤ ਕੀਤੀ। ਕੇਂਦਰੀ ਮੰਤਰੀ ਮੰਡਲ ਨੇ ਪਿਛਲੇ ਮਹੀਨੇ ₹62,500 ਕਰੋੜ ਦੀ  ਬਜਟ ਅਲਾਟਮੈਂਟ ਨਾਲ ਇਸ ਯੋਜਨਾ ਨੂੰ ਮਨਜ਼ੂਰੀ ਦਿੱਤੀ ਸੀ । ਨਵੀਂ ਦਿੱਲੀ ਵਿੱਚ ਮੀਡੀਆ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਇਹ ਯੋਜਨਾ ਪਹਿਲੀ  ਅਪ੍ਰੈਲ, 2026 ਤੋਂ ਲਾਗੂ ਹੋਵੇਗੀ। ਇਸ ਯੋਜਨਾ ਦੀ ਮਿਆਦ 2026-27 ਤੋਂ 2030-31 ਤੱਕ ਪੰਜ ਸਾਲ ਹੋਵੇਗੀ। ਇਸ ਯੋਜਨਾ ਦਾ ਉਦੇਸ਼ ਮੋਬਾਈਲ ਨਿਰਮਾਣ ਸਪਲਾਈ ਲੜੀ ਨੂੰ ਮਜ਼ਬੂਤ ਕਰਨਾ ਅਤੇ ਘਰੇਲੂ ਨਿਰਮਾਣ ਸਮਰੱਥਾਵਾਂ ਨੂੰ ਵਧਾ ਕੇ ਆਲਮੀ ਮੁਕਾਬਲੇਬਾਜ਼ੀ ਨੂੰ ਵਧਾਉਣਾ ਹੈ। ਇਹ ਯੋਜਨਾ ਭਾਰਤੀ ਮੋਬਾਈਲ ਬ੍ਰਾਂਡਾਂ ਨੂੰ ਉਤਸ਼ਾਹਿਤ ਕਰੇਗੀ ਅਤੇ ਰੁਜ਼ਗਾਰ ਦੇ ਮੌਕੇ ਪੈਦਾ ਕਰੇਗੀ ।

---

ਸਰਕਾਰ ਨੇ ਕਿਹਾ ਹੈ ਕਿ ਸੋਧੇ ਹੋਏ ਢਾਂਚੇ ਤਹਿਤ  ਸਿੱਧੇ ਵਿਦੇਸ਼ੀ ਨਿਵੇਸ਼ (FDI) ਦੇ 29 ਮਾਮਲਿਆਂ ਬਾਰੇ ਸ਼ਰਨ ਮਿਲੀ ਏ । ਇਨ੍ਹਾਂ ਵਿੱਚ 4,800 ਕਰੋੜ ਤੋਂ ਵੱਧ ਦੇ ਤਾਜਵੀਜ਼ਸ਼ੁਦਾ  ਨਿਵੇਸ਼ ਸ਼ਾਮਲ ਹਨ। ਇਹ ਨਿਵੇਸ਼ ਸੂਚਨਾ ਤਕਨਾਲੋਜੀ, ਆਰਟੀਫੀਸ਼ੀਅਲ ਇੰਟੈਲੀਜੈਂਸ, ਸੂਚਨਾ ਅਤੇ ਸੰਚਾਰ, ਨਿਰਮਾਣ, ਫਾਰਮਾਸਿਊਟੀਕਲ, ਡਾਟਾ ਸੈਂਟਰ ਅਤੇ ਆਵਾਜਾਈ ਸੇਵਾਵਾਂ ਸਮੇਤ ਵੱਖ-ਵੱਖ ਖੇਤਰਾਂ ਨਾਲ ਸਬੰਧਤ ਹਨ।

---------------------------------------------------

ਕੇਂਦਰੀ ਮੰਤਰੀ ਅਤੇ ਸੀਨੀਅਰ BJP ਨੇਤਾ ਜਗਤ ਪ੍ਰਕਾਸ਼ ਨੱਡਾ ਨੇ ਅੱਜ ਨਵੀਂ ਦਿੱਲੀ ਦੇ ਪਾਰਲੀਮੈਂਟ ਸਟਰੀਟ ਪੁਲਿਸ ਸਟੇਸ਼ਨ ਦੇ ਬਾਹਰ ਧਰਨਾ ਲਾਉਣ ਲਈ ਕਾਂਗਰਸ ਨੇਤਾ ਦੀ ਆਲੋਚਨਾ ਕੀਤੀ ਏ | ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਸ਼੍ਰੀ ਨੱਡਾ ਨੇ ਕਿਹਾ ਕਿ ਇਹ ਵਿਰੋਧ ਪ੍ਰਦਰਸ਼ਨ ਨਾ ਤਾਂ ਵਿਦਿਆਰਥੀਆਂ ਲਈ ਸੀ ਅਤੇ ਨਾ ਹੀ ਨਿਆਂ ਲਈ। ਉਨ੍ਹਾਂ ਇਲਜ਼ਾਮ ਲਗਾਇਆ ਕਿ ਇਹ ਕਾਂਗਰਸ ਪਾਰਟੀ ਦੀ ਰਾਜਨੀਤਿਕ ਨਿਰਾਸ਼ਾ ਅਤੇ ਰਾਹੁਲ ਗਾਂਧੀ ਦੀ ਸੁਰਖੀਆਂ ਬਟੋਰਨ ਦੀ ਲਾਲਸਾ ਦਾ ਪ੍ਰਤੀਕ ਏ |

BYTE

ਸ਼੍ਰੀ ਨੱਡਾ ਨੇ ਕਿਹਾ ਕਿ ਸੁਪਰੀਮ ਕੋਰਟ ਨੇ 20 ਜੁਲਾਈ ਦੀ ਘਟਨਾ ਦਾ ਨੋਟਿਸ ਲਿਆ ਹੈ ਅਤੇ ਮਾਮਲੇ ਦੀ ਜਾਂਚ ਲਈ ਇੱਕ ਸਾਬਕਾ ਜੱਜ ਦੀ ਅਗਵਾਈ ਵਿੱਚ ਪੰਜ ਮੈਂਬਰੀ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਹੈ।

---------------------------------------------------

ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਅਨੁਮਾਨ ਨਾਲੋਂ ਘੱਟ ਉਤਪਾਦਨ ਦੇ ਬਾਵਜੂਦ ਘਰੇਲੂ ਮੰਗ ਨੂੰ ਪੂਰਾ ਕਰਨ ਲਈ ਦੇਸ਼ ਵਿੱਚ ਖੰਡ ਦਾ ਢੁਕਵਾਂ ਭੰਡਾਰ ਉਪਲਬਧ ਏ | ਖੰਡ ਹਾਲੀਆ ਕੀਮਤਾਂ ਵਿੱਚ ਹਾਲੀਆ ਵਾਧੇ ਦੇ ਮੱਦੇਨਜ਼ਰ, ਸਰਕਾਰ ਨੇ ਖਪਤਕਾਰਾਂ ਲਈ ਖੰਡ ਦੀ ਲੋੜੀਂਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਅਤੇ ਕੀਮਤਾਂ ਸਥਿਰ ਬਣਾਈ ਰੱਖਣ

ਲਈ ਕਈ ਉਪਾਅ ਕੀਤੇ ਹਨ। ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲੇ ਨੇ ਕਿਹਾ ਕਿ ਉਹ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਹਾਲ ਹੀ ਦੇ ਹਫ਼ਤਿਆਂ ਵਿੱਚ ਖੰਡ ਦੀਆਂ ਕੀਮਤਾਂ ਵਿੱਚ ਵਾਧਾ ਹੋਇਆ ਹੈ | ਮੰਤਰਾਲੇ ਨੇ ਕਿਹਾ ਕਿ ਖੰਡ ਦੀਆਂ ਕੀਮਤਾਂ ਵਿੱਚ ਹਾਲ ਹੀ ਦੇ ਵਿੱਚ ਹੋਏ ਵਾਧੇ ਨੂੰ ਖੰਡ ਦੇ ਈਥਾਨੌਲ ਉਤਪਾਦਨ ਲਈ ਵਰਤੇ ਜਾਂ ਨਾਲ ਜੋੜਨਾ ਸਹੀ ਨਹੀਂ ਹੈ। ਇਸ ਵਿੱਚ ਕਿਹਾ ਗਿਆ ਹੈ ਕਿ ਈਥਾਨੌਲ ਲਈ ਖੰਡ ਦਾ ਹਿੱਸਾ 2022-23 ਵਿੱਚ ਲਗਭਗ 12 ਫੀਸਦੀ ਤੋਂ ਘਟ ਕੇ 2025-26 ਵਿੱਚ ਲਗਭਗ ਨੌਂ ਫੀਸਦੀ ਹੋ ਗਿਆ ਹੈ। ਮੰਤਰਾਲੇ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਵਿੱਚ ਪੈਦਾ ਹੋਣ ਵਾਲੇ ਈਥਾਨੌਲ ਦਾ ਲਗਭਗ ਤਿੰਨ-ਚੌਥਾਈ ਹਿੱਸਾ ਹੁਣ ਅਨਾਜ, ਖਾਸ ਕਰਕੇ ਮੱਕੀ ਤੋਂ ਆਉਂਦਾ ਹੈ। ਖੰਡ ਦੀਆਂ ਕੀਮਤਾਂ ਵਿੱਚ ਮੌਜੂਦਾ ਵਾਧਾ ਕਈ ਕਾਰਨਾਂ ਦੇ ਸੁਮੇਲ ਕਾਰਨ ਹੋਇਆ ਹੈ, ਜਿਨ੍ਹਾਂ ਵਿੱਚ ਉਮੀਦ ਤੋਂ ਘੱਟ ਘਰੇਲੂ ਉਤਪਾਦਨ, ਤਿਉਹਾਰਾਂ ਦੀ ਰੁੱਤ ਤੋਂ ਪਹਿਲਾਂ ਵਧੀ ਮੰਗ, ਗੰਨੇ ਦੀ ਫਸਲ ਨੂੰ ਮੌਸਮ ਨਾਲ ਸਬੰਧਤ ਨੁਕਸਾਨ, ਆਲਮੀ ਖੰਡ ਸਪਲਾਈ 'ਚ ਸਖਤੀ ਅਤੇ ਸਨਅਤਾਂ ਦੇ ਕੁਝ ਵਰਗਾਂ ਵੱਲੋਂ ਸੱਟੇਬਾਜ਼ੀ ਅਤੇ ਜਮ੍ਹਾਂਖੋਰੀ ਸ਼ਾਮਲ ਹਨ।

-----------------------------------------------------

ਭਾਰਤ ਅਤੇ ਬ੍ਰਾਜ਼ੀਲ ਨੇ ਦੂਰਸੰਚਾਰ ਅਤੇ ਸੂਚਨਾ ਤੇ ਸੰਚਾਰ ਤਕਨਾਲੋਜੀ ਦੇ ਖੇਤਰ ਵਿੱਚ ਸਹਿਯੋਗ ਵਧਾਉਣ ਲਈ ਇੱਕ ਸਮਝੌਤਾ ਪੱਤਰ (MoU) 'ਤੇ ਦਸਤਖਤ ਕੀਤੇ ਨੇ। ਦੂਰਸੰਚਾਰ ਵਿਭਾਗ ਨੇ ਕਿਹਾ ਕਿ ਇਹ ਸਮਝੌਤਾ BRICS ICT ਮੀਟਿੰਗ ਮੌਕੇ ਹੋਇਆ | ਇੱਕ ਸੋਸ਼ਲ

ਮੀਡੀਆ ਪੋਸਟ ਵਿੱਚ, ਦੂਰਸੰਚਾਰ ਵਿਭਾਗ ਨੇ ਕਿਹਾ ਕਿ ਇਹ ਸਮਝੌਤਾ ਡਿਜੀਟਲ ਨਵੀਨਤਾ ਨੂੰ ਉਤਸ਼ਾਹਿਤ ਕਰੇਗਾ, ਡਿਜੀਟਲ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰੇਗਾ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਿੱਚ ਸਹਿਯੋਗ ਵਧਾਏਗਾ। ਪੁਣੇ ਵਿੱਚ ਹੋਈ 12ਵੀਂ ਬ੍ਰਿਕਸ ਸੰਚਾਰ ਮੰਤਰੀਆਂ ਦੀ ਮੀਟਿੰਗ ਮੌਕ ਕੇਂਦਰੀ ਸੰਚਾਰ ਮੰਤਰੀ ਜਯੋਤੀਰਾਦਿਤਿਆ ਸਿੰਧੀਆ ਅਤੇ ਬ੍ਰਾਜ਼ੀਲ ਦੇ ਸੰਚਾਰ ਮੰਤਰੀ ਫਰੈਡਰਿਕੋ ਡੀ ਸਿਕੀਰਾ ਫਿਲਹੋ ਨੇ ਸਮਝੌਤੇ 'ਤੇ ਦਸਤਖ਼ਤ ਕੀਤੇ | ਕੇਂਦਰੀ ਮੰਤਰੀ ਨੇ ਕਿਹਾ ਕਿ ਇਹ ਸਮਝੌਤਾ ਦੋਵਾਂ ਦੇਸ਼ਾਂ ਵਿਚਕਾਰ ਸਮੁੱਚੇ ਸੰਪਰਕ , ਸਾਈਬਰ ਸੁਰੱਖਿਆ, ਡਿਜੀਟਲ ਜਨਤਕ ਬੁਨਿਆਦੀ ਢਾਂਚੇ, ਉੱਭਰ ਰਹੀਆਂ ਤਕਨਾਲੋਜੀਆਂ, ਸਮਰੱਥਾ ਨਿਰਮਾਣ ਅਤੇ ਵਧੀਆ ਅਭਿਆਸਾਂ ਦੇ ਆਦਾਨ-ਪ੍ਰਦਾਨ ਵਿੱਚ ਸਹਿਯੋਗ ਵਧਾਏਗਾ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਇੱਕ ਸੁਰੱਖਿਅਤ ਅਤੇ ਸਮਾਵੇਸ਼ੀ ਡਿਜੀਟਲ ਭਵਿੱਖ ਲਈ ਭਾਰਤ-ਬ੍ਰਾਜ਼ੀਲ ਸਹਿਯੋਗ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

---------------------------------------------------------------

ਸਰਕਾਰ ਨੇ ਦੁਹਰਾਇਆ ਹੈ ਕਿ ਭਾਰਤੀ ਨਾਵਿਕਾਂ ਦੀ ਸੁਰੱਖਿਆ ਅਤੇ ਭਲਾਈ ਉਸਦੀ ਸਭ ਤੋਂ ਵੱਡੀ ਤਰਜੀਹ ਹੈ। ਅੱਜ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਪੱਛਮੀ ਏਸ਼ੀਆ ਵਿਚਲੇ ਘਟਨਾਕ੍ਰਮ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ। ਦੋ ਵਿਦੇਸ਼ੀ ਝੰਡੇ ਵਾਲੇ ਜਹਾਜ਼ਾਂ ਨਾਲ ਹੋਈ ਘਟਨਾ ਦੇ ਸੰਬੰਧ ਵਿੱਚ, ਜੈਸਵਾਲ ਨੇ ਕਿਹਾ ਕਿ ਜਹਾਜ਼ 'ਤੇ ਸਵਾਰ ਸਾਰੇ 22 ਨਾਵਿਕ ਸੁਰੱਖਿਅਤ ਹਨ ਅਤੇ ਸਰਕਾਰ

ਉਨ੍ਹਾਂ ਦੀ ਸੁਰੱਖਿਆ ਨੂੰ ਲੈ ਕੇ ਸਬੰਧਤ ਅਧਿਕਾਰੀਆਂ ਦੇ ਸੰਪਰਕ ਵਿੱਚ ਹੈ।

BYTE

ਫੌਜ ਮੁਖੀ ਜਨਰਲ ਧੀਰਜ ਸੇਠ ਦੇ  ਨੇਪਾਲ ਦੌਰੇ  ਦੇ ਸੰਬੰਧ ਵਿੱਚ, ਬੁਲਾਰੇ ਨੇ ਕਿਹਾ ਕਿ  ਫੌਜ ਮੁਖੀ ਨੂੰ ਨੇਪਾਲ ਫੌਜ ਦੇ ਆਨਰੇਰੀ ਜਨਰਲ ਦਾ ਦਰਜਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਦੋਵਾਂ ਦੇਸ਼ਾਂ ਅਤੇ ਉਨ੍ਹਾਂ ਦੀਆਂ ਫੌਜਾਂ ਵਿਚਕਾਰ ਲੰਬੇ ਸਮੇਂ ਤੋਂ ਚੱਲ ਰਹੇ ਦੋਸਤਾਨਾ ਸਬੰਧਾਂ ਨੂੰ ਦਰਸਾਉਂਦਾ ਹੈ।

---------------------------------------------------------------

ਭਾਰਤ ਦੀ ਤ੍ਰਿਸਾ ਜੌਲੀ ਅਤੇ ਗਾਇਤਰੀ ਗੋਪੀਚੰਦ ਦੀ ਜੋੜੀ ਨਵੀਂ ਦਿੱਲੀ ਵਿੱਚ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ ਦੇ ਮਹਿਲਾ ਡਬਲਜ਼ ਸੈਮੀਫਾਈਨਲ ਵਿੱਚ ਪਹੁੰਚ ਗਈ ਏ । ਭਾਰਤੀ ਜੋੜੀ ਨੇ ਸ਼ਾਨਦਾਰ ਖੇਡ ਦਾ ਮੁਜ਼ਾਹਰਾ  ਕਰਦਿਆਂ ਜਿਯਾ ਯੀ ਫੈਨ ਅਤੇ ਝਾਂਗ ਸ਼ੂ ਜ਼ਿਆਨ ਦੀ ਚੀਨੀ ਜੋੜੀ   ਨੂੰ 16-21, 21-15, 21-13 ਨਾਲ ਹਰਾਇਆ। ਇਸ ਜਿੱਤ ਨਾਲ, ਤ੍ਰਿਸਾ ਅਤੇ ਗਾਇਤਰੀ ਨੇ ਇਸ ਵੱਕਾਰੀ ਚੈਂਪੀਅਨਸ਼ਿਪ ਵਿੱਚ ਭਾਰਤ ਦਾ ਤਮਗਾ  ਪੱਕਾ ਕਰ ਦਿੱਤਾ ਹੈ। ਇਹ 15 ਸਾਲਾਂ ਵਿੱਚ ਵਿਸ਼ਵ ਚੈਂਪੀਅਨਸ਼ਿਪ ਵਿੱਚ ਮਹਿਲਾ ਡਬਲਜ਼ ਵਿੱਚ ਭਾਰਤ ਦਾ ਪਹਿਲਾ ਤਮਗਾ  ਹੋਵੇਗਾ।

---------------------------------------------------------------

ਭਾਰਤ ਦੀ ਕਾਜਲ ਢੋਚਕ ਨੇ  ਲਗਾਤਾਰ ਦੂਜਾ U20 ਵਿਸ਼ਵ ਕੁਸ਼ਤੀ ਚੈਂਪੀਅਨਸ਼ਿਪ ਖਿਤਾਬ ਜਿੱਤਿਆ ਹੈ। ਉਸਨੇ ਫਾਈਨਲ ਵਿੱਚ ਚੀਨ ਦੀ

ਜਿੰਗਰੂ ਸੁਨ 'ਤੇ 7-0 ਦੀ ਸ਼ਾਨਦਾਰ ਜਿੱਤ ਨਾਲ ਮਹਿਲਾ 76 ਕਿਲੋਗ੍ਰਾਮ ਵਰਗ 'ਚ ਸੋਨੇ ਦਾ ਤਮਗਾ ਜਿੱਤਿਆ।

---------------------------------------------------------------

ਭਾਰਤੀ ਮਹਿਲਾ ਟੀਮ ਅੱਜ ਐਮਸਟਲਵੀਨ ਵਿੱਚ ਹਾਕੀ ਵਿਸ਼ਵ ਕੱਪ ਦੇ ਦੂਜੇ ਪੂਲ ਗੇੜ ਦੇ ਪਹਿਲੇ ਮੈਚ ਵਿੱਚ ਮੇਜ਼ਬਾਨ ਨੀਦਰਲੈਂਡ ਖਿਲਾਫ ਖੇਡੇਗੀ। ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤੀ ਸਾਢੇ 9 ਵਜੇ ਸ਼ੁਰੂ ਹੋਵੇਗਾ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪੁਲਾੜ ਖੇਤਰ ਨਾਲ ਜੁੜੇ 20 STARTUPS ਦੇ CEO's ਤੇ ਸੰਸਥਾਪਕਾਂ ਨਾਲ ਗੱਲਬਾਤ ਕੀਤੀ | ਸ਼੍ਰੀ ਮੋਦੀ ਨੇ ਉਨ੍ਹਾਂ ਨੂੰ ਲੋਕਾਂ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਪੁਲਾੜ ਤਕਨਾਲੋਜੀ ਦੀ ਵਿਆਪਕ ਵਰਤੋਂ ਕਰਨ ਦੀ ਅਪੀਲ ਕੀਤੀ।

- ਕੇਂਦਰੀ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਅੱਜ ਮੋਬਾਈਲ ਫੋਨ ਨਿਰਮਾਣ ਯੋਜਨਾ ਦੀ ਸ਼ੁਰੂਆਤ ਕੀਤੀ।

- ਸਰਕਾਰ ਨੇ ਭਰੋਸਾ ਦਿੱਤਾ ਹੈ ਕਿ ਅਨੁਮਾਨ ਨਾਲੋਂ ਘਟ ਉਤਪਾਦਨ ਦੇ ਬਾਵਜੂਦ ਘਰੇਲੂ ਮੰਗ ਨੂੰ ਪੂਰਾ ਕਰਨ ਲਈ ਦੇਸ਼ ਵਿੱਚ ਖੰਡ ਦਾ ਢੁਕਵਾਂ ਭੰਡਾਰ ਉਪਲਬਧ ਏ |

- ਭਾਰਤ ਅਤੇ ਬ੍ਰਾਜ਼ੀਲ ਨੇ ਦੂਰਸੰਚਾਰ ਅਤੇ ਸੂਚਨਾ ਤੇ ਸੰਚਾਰ ਤਕਨਾਲੋਜੀ ਦੇ ਖੇਤਰ ਵਿੱਚ ਸਹਿਯੋਗ ਵਧਾਉਣ ਲਈ ਇੱਕ ਸਮਝੌਤੇ 'ਤੇ ਦਸਤਖ਼ਤ ਕੀਤੇ ਨੇ।

- ਭਾਰਤ ਦੀ ਤ੍ਰਿਸਾ ਜੌਲੀ ਅਤੇ ਗਾਇਤਰੀ ਗੋਪੀਚੰਦ ਦੀ ਜੋੜੀ ਨਵੀਂ ਦਿੱਲੀ ਵਿੱਚ ਬੈਡਮਿੰਟਨ ਵਿਸ਼ਵ ਚੈਂਪੀਅਨਸ਼ਿਪ ਦੇ ਮਹਿਲਾ ਡਬਲਜ਼ ਸੈਮੀਫਾਈਨਲ ਵਿੱਚ ਪਹੁੰਚ ਗਈ ਏ |

---------------------------------------------------

**ਇਸਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸਵੇਰੇ ਸਾਢੇ 8 ਵਜੇ, ਨਮਸਕਾਰ !**